# ਆਕਾਸ਼ਵਾਣੀ ਜਲੰਧਰ

## ਪ੍ਰਦੇਸ਼ਿਕ ਖਬਰਾਂ ਪੰਜਾਬੀ

## 13:10

**ਮਿਤੀ :29-06-2026**

ਰਾਸ਼ਟਰਪਤੀ ਦ੍ਰੋਪਦੀ ਮੁਰਮੂ ਅੱਜ ਰਾਸ਼ਟਰਪਤੀ ਭਵਨ ਵਿਖੇ ਸਾਲ ਦੇ ਦੂਜੇ ਰੱਖਿਆ ਸਨਮਾਨ ਸਮਾਰੋਹ ਵਿੱਚ ਬਹਾਦਰੀ ਪੁਰਸਕਾਰ ਪ੍ਰਦਾਨ ਕਰਨਗੇ। ਇਸ ਮੌਕੇ 'ਤੇ, ਰਾਸ਼ਟਰਪਤੀ ਹਥਿਆਰਬੰਦ ਸੈਨਾਵਾਂ, ਕੇਂਦਰੀ ਹਥਿਆਰਬੰਦ ਪੁਲਿਸ ਬਲਾਂ, ਅਤੇ ਰਾਜ ਅਤੇ ਕੇਂਦਰ ਸ਼ਾਸਤ ਪ੍ਰਦੇਸ਼ ਪੁਲਿਸ ਬਲਾਂ ਦੇ ਕਰਮਚਾਰੀਆਂ ਨੂੰ ਬਹਾਦਰੀ ਪੁਰਸਕਾਰ ਪ੍ਰਦਾਨ ਕਰਨਗੇ। ਇਹ ਪੁਰਸਕਾਰ ਬੇਮਿਸਾਲ ਬਹਾਦਰੀ ਦਾ ਪ੍ਰਦਰਸ਼ਨ ਕਰਨ ਵਾਲੇ ਸੈਨਿਕਾਂ ਨੂੰ ਦਿੱਤੇ ਜਾਂਦੇ ਨੇ । ਇਹ ਸਨਮਾਨ ਦੇਸ਼ ਦੀ ਦਹਿਸ਼ਤਗਰਦੀ ਅਤੇ ਸਰਹੱਦੀ ਖੇਤਰਾਂ ਵਿੱਚ ਚੁਣੌਤੀਆਂ ਖਿਲਾਫ ਨਿਰੰਤਰ ਲੜਾਈ ਨੂੰ ਵੀ ਦਰਸਾਉਂਦੇ ਹਨ।

ਇਸ ਤੋਂ ਪਹਿਲਾਂ, ਰਾਸ਼ਟਰਪਤੀ ਨੇ ਇਸ ਮਹੀਨੇ ਦੀ 8 ਤਰੀਕ ਨੂੰ ਰਾਸ਼ਟਰਪਤੀ ਭਵਨ ਵਿਖੇ ਰੱਖਿਆ ਸਨਮਾਨ ਸਮਾਰੋਹ ਦੇ ਪਹਿਲੇ ਗੇੜ ਵਿੱਚ ਬਹਾਦਰੀ ਪੁਰਸਕਾਰ ਪ੍ਰਦਾਨ ਕੀਤੇ ਸਨ।

---

ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਐਲਾਨ ਕੀਤਾ ਕਿ ਕਾਦੀਆਂ ਹਲਕੇ ਨੂੰ ਸਬ-ਡਵੀਜ਼ਨ ਵਜੋਂ ਅਪਗ੍ਰੇਡ ਕੀਤਾ ਜਾਵੇਗਾ, ਜਿਸ ਨਾਲ ਲੋਕਾਂ ਦੀ ਚਿਰੋਕਣੀ ਮੰਗ ਪੂਰੀ ਹੋਵੇਗੀ ਅਤੇ ਆਧੁਨਿਕ ਪ੍ਰਸ਼ਾਸਨਿਕ ਕੰਪਲੈਕਸ ਰਾਹੀਂ ਸਾਰੀਆਂ ਪ੍ਰਮੁੱਖ ਸਰਕਾਰੀ ਸੇਵਾਵਾਂ ਇੱਕੋ ਛੱਤ ਹੇਠ ਉਪਲਬਧ ਹੋਣਗੀਆਂ। ਕੱਲ ਗੁਰਦਾਸਪੁਰ ਦੇ ਕਾਦੀਆਂ ਵਿੱਚ ਵਿਸ਼ੇਸ਼ ਜਨਤਕ ਪ੍ਰੋਗਰਾਮ ਦੌਰਾਨ ਮੁੱਖ ਮੰਤਰੀ ਨੇ ਕਿਸਾਨਾਂ ਨੂੰ ਇਹ ਭਰੋਸਾ ਵੀ ਦਿੱਤਾ ਕਿ ਕੀੜੀ ਸ਼ੂਗਰ ਮਿੱਲ ਦੇ ਗੰਨੇ ਦੇ ਬਕਾਏ ਜਲਦ ਹੀ ਅਦਾ ਕਰ ਦਿੱਤੇ ਜਾਣਗੇ। ਮੁੱਖ ਮੰਤਰੀ ਨੇ ਪੰਜਾਬ ਨੂੰ ਨਸ਼ਾ ਮੁਕਤ, ਸਿਹਤਮੰਦ ਅਤੇ ਖੇਡ ਸੱਭਿਆਚਾਰ ਵਾਲਾ ਸੂਬਾ ਬਣਾਉਣ ਲਈ ਕੱਲ 500 ਆਧੁਨਿਕ ਪੇਂਡੂ ਜਿੰਮ ਲੋਕਾਂ ਨੂੰ ਸਮਰਪਿਤ ਕੀਤੇ ਨੇ । ਕਲ ਫ਼ਰੀਦਕੋਟ ਵਿਖੇ ਪੇਂਡੂ ਜਿੰਮ ਲੋਕਾਂ ਨੂੰ ਸਮਰਪਿਤ ਕਰਨ ਤੋਂ ਬਾਅਦ ਇਕੱਠ ਨੂੰ ਸੰਬੋਧਨ ਕਰਦਿਆਂ ਮੁੱਖ ਮੰਤਰੀ ਨੇ ਕਿਹਾ ਕਿ ਇਸ ਪਹਿਲਕਦਮੀ ਦਾ ਉਦੇਸ਼ ਪਹਿਲਾਂ ਹੀ ਚੱਲ ਰਹੀ 'ਯੁੱਧ ਨਸ਼ਿਆਂ ਵਿਰੁੱਧ' ਮੁਹਿੰਮ ਤਹਿਤ ਨੌਜਵਾਨਾਂ ਨੂੰ ਨਸ਼ਿਆਂ ਤੋਂ ਦੂਰ ਰੱਖਣ ਲਈ ਖੇਡ ਸੱਭਿਆਚਾਰ ਨੂੰ ਪ੍ਰਫੁੱਲਤ ਕਰਨਾ ਏ । BYTE:RNU290626 ਉਨ੍ਹਾਂ ਕਿਹਾ ਕਿ ਪਹਿਲੀ ਵਾਰ ਸਿਰਫ਼ ਖੇਡਾਂ ਲਈ 1,791 ਕਰੋੜ ਰੁਪਏ ਦਾ ਰਿਕਾਰਡ ਬਜਟ ਰੱਖਿਆ ਗਿਆ ਏ । ਇਸ ਦੇ ਨਾਲ ਹੀ ਸੂਬੇ ਦੇ ਸਾਰੇ ਜ਼ਿਲ੍ਹਿਆਂ ਵਿੱਚ 3,100 ਖੇਡ ਮੈਦਾਨ ਵਿਕਸਤ ਕੀਤੇ ਜਾ ਰਹੇ ਹਨ,

ਜਿਨ੍ਹਾਂ ਵਿੱਚੋਂ 250 ਖੇਡ ਮੈਦਾਨ ਪਹਿਲਾਂ ਹੀ ਲੋਕਾਂ ਨੂੰ ਸਮਰਪਿਤ ਕੀਤੇ ਜਾ ਚੁੱਕੇ ਹਨ।

---------------------------------------------------------------------------

ਪੰਜਾਬ ਸਰਕਾਰ ਨੇ ਟੈਕਨੀਕਲ ਗ੍ਰੇਡ ਯੂਰੀਆ ਦੀ ਥਾਂ ਸਬਸਿਡੀ ਵਾਲੇ ਐਗਰੀਕਲਚਰ-ਗ੍ਰੇਡ ਯੂਰੀਆ ਦੀ ਸਪਲਾਈ ਦੇ ਮਾਮਲੇ ਵਿੱਚ 7 ਅਧਿਕਾਰੀਆਂ ਨੂੰ ਚਾਰਜਸ਼ੀਟ ਜਾਰੀ ਕੀਤੀ ਏ ਜਦਕਿ ਇੱਕ ਹੋਰ ਅਧਿਕਾਰੀ ਦਾ ਤਬਾਦਲਾ ਕੀਤਾ ਗਿਆ ਏ। ਪੰਜਾਬ ਸਰਕਾਰ ਦੇ ਬੁਲਾਰੇ ਨੇ ਦੱਸਿਆ ਕਿ ਸਹਿਕਾਰਤਾ ਵਿਭਾਗ ਨੇ ਸਬੰਧਤ ਮਾਮਲੇ ਵਿੱਚ ਤੁਰੰਤ, ਵਿਆਪਕ ਅਤੇ ਸਮਾਂਬੱਧ ਕਾਰਵਾਈ ਕੀਤੀ ਏ। ਇਸ ਸਬੰਧੀ ਸ਼ਿਕਾਇਤ ਮਿਲਣ ਤੋਂ ਬਾਅਦ, ਪ੍ਰਸ਼ਾਸਕੀ ਸਕੱਤਰ, ਸਹਿਕਾਰਤਾ ਵਿਭਾਗ ਨੇ ਮਾਰਕਫੈੱਡ ਅਤੇ ਮਿਲਕਫੈੱਡ ਦੇ ਪ੍ਰਬੰਧਕੀ ਨਿਦੇਸ਼ਕ ਨੂੰ ਤੁਰੰਤ ਤੱਥ ਖੋਜ ਜਾਂਚ ਵਿੱਢਣ, ਅਣਗਹਿਲੀ ਲਈ ਜ਼ਿੰਮੇਵਾਰੀ ਤੈਅ ਕਰਨ ਅਤੇ ਬਿਨਾਂ ਕਿਸੇ ਦੇਰੀ ਦੇ 'ਕਾਰਵਾਈ ਰਿਪੋਰਟ' ਸੌਂਪਣ ਦੇ ਨਿਰਦੇਸ਼ ਦਿੱਤੇ ਸਨ। ਇਸ ਦੇ ਨਾਲ ਹੀ ਟੈਕਨੀਕਲ ਗ੍ਰੇਡ ਯੂਰੀਆ ਦੀ ਖਰੀਦ ਲਈ ਜ਼ਿੰਮੇਵਾਰ ਜਨਰਲ ਮੈਨੇਜਰਾਂ ਅਤੇ ਅਧਿਕਾਰੀਆਂ ਤੇ ਕਰਮਚਾਰੀਆਂ ਖ਼ਿਲਾਫ਼ 25 ਜੂਨ ਨੂੰ ਸਖ਼ਤ ਸਜ਼ਾ ਅਨੁਸ਼ਾਸਨੀ ਕਾਰਵਾਈ ਵਿੱਢਣ ਦੇ ਨਿਰਦੇਸ਼ ਜਾਰੀ ਕੀਤੇ ਗਏ ਸਨ। ਇਨ੍ਹਾਂ ਨਿਰਦੇਸ਼ਾਂ 'ਤੇ ਤੁਰੰਤ ਕਾਰਵਾਈ ਕਰਦਿਆਂ, ਮਿਲਕਫੈੱਡ ਨੇ ਖੰਨਾ ਕੈਟਲ ਫੀਡ ਪਲਾਂਟ ਦੇ ਜਨਰਲ

ਮੈਨੇਜਰ, ਮੈਨੇਜਰ ਅਤੇ ਕੁਆਲਿਟੀ ਇੰਚਾਰਜ, ਡਿਪਟੀ ਮੈਨੇਜਰ ਇੰਚਾਰਜ , ਅਤੇ ਸੀਨੀਅਰ ਸਹਾਇਕ ਖਰੀਦ ਇੰਚਾਰਜ ਖ਼ਿਲਾਫ਼ 'ਮੇਜਰ ਪੈਨਲਟੀ' ਚਾਰਜਸ਼ੀਟਾਂ ਜਾਰੀ ਕੀਤੀਆਂ ਗਈਆਂ ਹਨ। ਸਬੰਧਤ ਸੀਨੀਅਰ ਸਹਾਇਕ ਦਾ ਪ੍ਰਸ਼ਾਸਕੀ ਹਿੱਤ ਵਿੱਚ ਤਬਾਦਲਾ ਵੀ ਕਰ ਦਿੱਤਾ ਗਿਆ ਏ । ਸਬੰਧਤ ਅਧਿਕਾਰੀਆਂ ਤੋਂ ਮਿਲਣ ਵਾਲੀਆਂ ਰਿਪੋਰਟਾਂ ਦੇ ਆਧਾਰ 'ਤੇ ਕਾਨੂੰਨ ਅਨੁਸਾਰ ਅਗਲੇਰੀ ਕਾਰਵਾਈ ਕੀਤੀ ਜਾਵੇਗੀ।

---------------------------------------------------------------------------

ਚੋਣ ਕਮਿਸ਼ਨ ਦੀਆਂ ਹਦਾਇਤਾਂ ਅਨੁਸਾਰ ਚੱਲ ਰਹੀ ਵੋਟਰ ਸੂਚੀਆਂ ਦੀ ਵਿਸ਼ੇਸ਼ ਤੀਬਰ ਸੋਧ -SIR ਤਹਿਤ ਜਲੰਧਰ ਜ਼ਿਲ੍ਹੇ ਵਿੱਚ ਬੂਥ ਲੈਵਲ ਅਫ਼ਸਰਾਂ ਵੱਲੋਂ ਘਰ-ਘਰ ਸਰਵੇਖਣ ਕੀਤਾ ਜਾ ਰਿਹਾ ਏ । ਇਸ ਤਹਿਤ ਬੀ.ਐਲ.ਓਜ਼ ਵੱਲੋਂ ਵੋਟਰਾਂ ਨੂੰ ਆਪਣੇ ਵੇਰਵਿਆਂ ਦੀ ਤਸਦੀਕ ਅਤੇ ਲੋੜੀਂਦੀ ਜਾਣਕਾਰੀ ਭਰਨ ਲਈ ਗਣਨਾ ਫਾਰਮ ਮੁਹੱਈਆ ਕਰਵਾਏ ਜਾ ਰਹੇ ਹਨ। ਇਸੇ ਤਹਿਤ ਕੱਲ ਰਾਜ ਸਭਾ ਮੈਂਬਰ ਅਤੇ ਉਘੇ ਵਾਤਾਵਰਣ ਪ੍ਰੇਮੀ ਸੰਤ ਬਲਬੀਰ ਸਿੰਘ ਸੀਚੇਵਾਲ ਨੂੰ ਸਬੰਧਤ ਬੀ.ਐਲ.ਓ ਵੱਲੋਂ ਫਾਰਮ ਸੌਂਪਿਆ ਗਿਆ। ਜ਼ਿਕਰਯੋਗ ਏ ਕਿ ਘਰ-ਘਰ ਸਰਵੇਖਣ ਦੀ ਪ੍ਰਕਿਰਿਆ 24 ਜੁਲਾਈ ਤੱਕ ਜਾਰੀ ਰਹੇਗੀ। ਪਹਿਲੀ ਅਕਤੂਬਰ ਨੂੰ ਅੰਤਿਮ ਵੋਟਰ ਸੂਚੀ ਦੀ ਅੰਤਿਮ ਪ੍ਰਕਾਸ਼ਨਾ ਹੋਵੇਗੀ।

---

ਗੁਰਦਾਸਪੁਰ ਵਿਚ ਰਾਵੀ ਦਰਿਆ ਵਿੱਚ ਅਚਾਨਕ ਪਿੱਛੋ ਪਾਣੀ ਛੱਡੇ ਜਾਣ ਕਾਰਨ ਬੀਤੇ ਕੱਲ ਮਕੌੜਾ ਪੱਤਣ ਵਿਖੇ ਪਲੂਟਨ ਪੁਲ ਦਾ ਅੱਧਾ ਹਿੱਸਾ ਤੇਜ਼ ਪਾਣੀ ਦੇ ਵਹਾਅ ਵਿਚ ਰੁੜ ਗਿਆ। ਇਸ ਕਾਰਨ ਦਰਿਆ ਪਾਰ ਵੱਸਦੇ 6 ਤੋਂ ਵੱਧ ਪਿੰਡਾਂ ਦੇ ਲੋਕਾਂ ਦਾ ਆਉਣਾ-ਜਾਣਾ ਪੂਰੀ ਤਰ੍ਹਾਂ ਬੰਦ ਹੋ ਗਿਆ ਏ । ਜ਼ਰੂਰੀ ਕੰਮ ਲਈ ਇਸ ਰਸਤੇ ਦੀ ਵਰਤੋਂ ਕਰਨ ਵਾਲੇ ਲੋਕਾਂ ਨੂੰ ਭਾਰੀ ਮੁਸ਼ਕਲਾਂ ਦਾ ਸਾਹਮਣਾ ਕਰਨਾ ਪੈ ਰਿਹਾ ਏ । ਸਥਾਨਕ ਲੋਕਾਂ ਨੇ ਦੱਸਿਆ ਕਿ ਬਿਨਾਂ ਕਿਸੇ ਸੂਚਨਾ ਦੇ ਦਰਿਆ ਵਿੱਚ ਪਾਣੀ ਛੱਡਣ ਕਾਰਨ ਪਾਣੀ ਦਾ ਪੱਧਰ ਅਚਾਨਕ ਵੱਧ ਗਿਆ, ਜਿਸ ਨਾਲ ਪੁੱਲ ਦਾ ਹਿੱਸਾ ਪਾਣੀ ਵਿੱਚ ਰੁੜ ਗਿਆ ਏ । ਇਸ ਕਾਰਨ ਵਾਹਨਾਂ ਦੀ ਆਵਾਜਾਈ ਤਾਂ ਪਹਿਲਾਂ ਹੀ ਰੁਕ ਗਈ ਸੀ, ਹੁਣ ਪੈਦਲ ਲੰਘਣਾ ਵੀ ਸੰਭਵ ਨਹੀਂ ਰਿਹਾ ।

---

ਭਾਰਤੀ ਪੁਰਸ਼ ਹਾਕੀ ਟੀਮ ਨੇ ਲੰਡਨ ਵਿੱਚ FIH ਹਾਕੀ ਪ੍ਰੋ ਲੀਗ ਦੇ ਰਿਵਰਸ ਮੈਚ ਵਿੱਚ ਪੈਨਲਟੀ ਸ਼ੂਟਆਊਟ ਵਿੱਚ ਇੰਗਲੈਂਡ ਨੂੰ 3-2 ਨਾਲ ਹਰਾਇਆ। ਨਿਯਮਤ ਸਮੇਂ ਦੇ ਅਖੀਰ ਤੱਕ ਦੋਵੇਂ ਟੀਮਾਂ 0-0 ਨਾਲ ਬਰਾਬਰ ਸਨ। ਭਾਰਤ ਦੇ ਅਭਿਸ਼ੇਕ, ਸ਼ਿਲਾਨੰਦ ਲਾਕੜਾ ਅਤੇ ਹਾਰਦਿਕ ਸਿੰਘ ਨੇ ਪੈਨਲਟੀ ਸ਼ੂਟਆਊਟ ਵਿੱਚ ਗੋਲ ਕੀਤੇ। ਡਿਫੈਂਡਰ ਸੰਜੇ ਨੂੰ ਮੈਚ

ਵਿੱਚ ਸ਼ਾਨਦਾਰ ਪ੍ਰਦਰਸ਼ਨ ਲਈ 'ਪਲੇਅਰ ਆਫ਼ ਦ ਮੈਚ' ਚੁਣਿਆ ਗਿਆ। ਹਾਕੀ ਵਿਸ਼ਵ ਕੱਪ ਤੋਂ ਪਹਿਲਾਂ FIH ਹਾਕੀ ਪ੍ਰੋ ਲੀਗ ਵਿੱਚ ਇਹ ਭਾਰਤੀ ਟੀਮ ਦਾ ਆਖਰੀ ਮੈਚ ਸੀ।